ਭੈਰਉ ਮਹਲਾ ੫ ॥ ਤਉ ਕੜੀਐ ਜੇ ਹੋਵੈ ਬਾਹਰਿ ॥ ਤਉ ਕੜੀਐ ਜੇ ਵਿਸਰੈ ਨਰਹਰਿ ॥ ਤਉ ਕੜੀਐ ਜੇ ਦੂਜਾ ਭਾਏ ॥ ਕਿਆ ਕੜੀਐ ਜਾਂ ਰਹਿਆ ਸਮਾਏ ॥ ੧॥ ਮਾਇਆ ਮੋਹਿ ਕੜੇ ਕੜਿ ਪਚਿਆ ॥ ਬਿਨੁ ਨਾਵੈ ਭ੍ਰਮਿ ਭ੍ਰਮਿ ਭ੍ਰਮਿ ਖਪਿਆ ॥੧॥ ਰਹਾਉ ॥ ਤਉ ਕੜੀਐ ਜੇ ਦੂਜਾ ਕਰਤਾ ॥ ਤਉ ਕੜੀਐ ਜੇ ਅਨਿਆਇ ਕੋ ਮਰਤਾ ॥ ਤਉ ਕੜੀਐ ਜੇ ਕਿਛੁ ਜਾਣੈ ਨਾਹੀ ॥ ਕਿਆ ਕੜੀਐ ਜਾਂ ਭਰਪੂਰਿ ਸਮਾਹੀ ॥੨॥ ਤਉ ਕੜੀਐ ਜੇ ਕਿਛੁ ਹੋਇ ਧਿਙਾਣੈ ॥ ਤਉ ਕੜੀਐ ਜੇ ਭੂਲਿ ਰੰਞਾਣੈ ॥ ਗੁਰਿ ਕਹਿਆ ਜੋ ਹੋਇ ਸਭੁ ਪ੍ਰਭ ਤੇ ॥ ਤਬ ਕਾੜਾ ਛੋਡਿ ਅਚਿੰਤ ਹਮ ਸੋਤੇ ॥੩॥ ਪ੍ਰਭ ਤੂਹੈ ਠਾਕੁਰੁ ਸਭੁ ਕੋ ਤੇਰਾ ॥ ਜਿਉ ਭਾਵੈ ਤਿਉ ਕਰਹਿ ਨਿਬੇਰਾ ॥ ਦੁਤੀਆ ਨਾਸਤਿ ਇਕੁ ਰਹਿਆ ਸਮਾਇ ॥ ਰਾਖਹੁ ਪੈਜ ਨਾਨਕ ਸਰਣਾਇ ॥੪॥੫॥੧੮॥ {ਪੰਨਾ 1140}

ਪਦਅਰਥ:- ਤਉ—ਤਦੋਂ, ਤਾਂ ਹੀ। ਕੜੀਐ—ਚਿੰਤਾ ਕਰੀਦੀ ਹੈ, ਖਿੱਝੀਦਾ ਹੈ। ਵਿਸਰੈ—ਭੁੱਲ ਜਾਂਦਾ ਹੈ। ਨਰਹਰਿ—ਪਰਮਾਤਮਾ। ਭਾਏ—ਚੰਗਾ ਲੱਗਦਾ ਹੈ। ਕਿਆ ਕੜੀਐ—ਝੁਰਨ ਦੀ ਲੋੜ ਨਹੀਂ ਪੈਂਦੀ। ਜਾਂ—ਜਦੋਂ।1।

ਮੋਹਿ—ਮੋਹ ਵਿਚ (ਫਸ ਕੇ)। ਕੜੇ ਕੜਿ—ਕੜਿ ਕੜਿ, ਖਿੱਝ ਖਿੱਝ ਕੇ। ਪਚਿਆ—ਸੜ ਮਰਦਾ ਹੈ। ਭ੍ਰਮਿ—ਭਟਕ ਕੇ। ਖਪਿਆ—ਦੁਖੀ ਹੁੰਦਾ ਹੈ।1। ਰਹਾਉ।

ਅਨਿਆਇ—ਅ-ਨਿਆਇ, ਨਿਆਂ ਦੇ ਉਲਟ, ਪਰਮਾਤਮਾ ਦੇ ਹੁਕਮ ਤੋਂ ਬਾਹਰਾ। ਕੋ—ਕੋਈ ਜੀਵ। ਭਰਪੂਰਿ—ਹਰ ਥਾਂ, ਨਕਾ-ਨਕ। ਸਮਾਹੀ—(ਹੇ ਪ੍ਰਭੂ!) ਤੂੰ ਵਿਆਪਕ ਹੈਂ।2।

ਧਿਙਾਣੈ—ਬਦੋ ਬਦੀ, ਪਰਮਾਤਮਾ ਤੋਂ ਬੇ-ਵਸਾ। ਭੂਲਿ—ਭੁੱਲ ਕੇ, ਭੁਲੇਖੇ ਨਾਲ। ਰੰਞਾਣੈ—ਦੁਖੀ ਕਰਦਾ ਹੈ। ਗੁਰਿ—ਗੁਰੂ ਨੇ। ਪ੍ਰਭ ਤੇ—ਪ੍ਰਭੂ ਤੋਂ, ਪ੍ਰਭੂ ਦੇ ਹੁਕਮ ਨਾਲ। ਕਾੜਾ—ਖਿੱਝ, ਚਿੰਤਾ। ਛੋਡਿ—ਛੱਡ ਕੇ। ਅਚਿੰਤ—ਬੇ-ਫ਼ਿਕਰ। ਸੋਤੇ—ਸੌਂਦੇ ਹਾਂ, ਰਹਿੰਦੇ ਹਾਂ।3।

ਪ੍ਰਭ—ਹੇ ਪ੍ਰਭੂ! ਠਾਕੁਰੁ—ਮਾਲਕ। ਸਭੁ ਕੋ—ਹਰੇਕ ਜੀਵ। ਕਰਹਿ—ਤੂੰ ਕਰਦਾ ਹੈਂ। ਨਿਬੇਰਾ—ਫ਼ੈਸਲਾ। ਦੁਤੀਆ—ਦੂਜਾ, ਤੈਥੋਂ ਬਿਨਾ ਕੋਈ ਹੋਰ। ਨਾਸਤਿ—ਨ ਅਸਤਿ, ਨਹੀਂ ਹੈ {AiÔq}। ਪੈਜ—ਲਾਜ, ਇੱਜ਼ਤ।4।

ਅਰਥ:- ਹੇ ਭਾਈ! ਮਾਇਆ ਦੇ ਮੋਹ ਵਿਚ ਫਸਿਆ ਹੋਇਆ ਮਨੁੱਖ ਖਿੱਝ ਖਿੱਝ ਕੇ ਆਤਮਕ ਮੌਤ ਮਰਦਾ ਰਹਿੰਦਾ ਹੈ। ਪਰਮਾਤਮਾ ਦੇ ਨਾਮ ਤੋਂ ਬਿਨਾ (ਮਾਇਆ ਦੀ ਖ਼ਾਤਰ) ਭਟਕ ਕੇ ਭਟਕ ਕੇ ਭਟਕ ਕੇ ਖ਼ੁਆਰ ਹੁੰਦਾ ਰਹਿੰਦਾ ਹੈ।1। ਰਹਾਉ।

ਹੇ ਭਾਈ! ਜੇ (ਜੀਵ ਨੂੰ ਇਹ ਖ਼ਿਆਲ ਬਣਿਆ ਰਹੇ ਕਿ ਪਰਮਾਤਮਾ ਮੈਥੋਂ ਵੱਖਰਾ) ਕਿਤੇ ਦੂਰ ਹੈ, ਤਦੋਂ (ਹਰ ਗੱਲੇ) ਚਿੰਤਾ ਕਰੀਦੀ ਹੈ। ਤਦੋਂ ਭੀ ਝੁਰਦੇ ਰਹੀਦਾ ਹੈ ਜੇ ਪਰਮਾਤਮਾ (ਸਾਡੇ ਮਨੋਂ) ਭੁੱਲ ਜਾਏ। ਜਦੋਂ (ਪਰਮਾਤਮਾ ਤੋਂ ਬਿਨਾ) ਕੋਈ ਹੋਰ ਪਦਾਰਥ (ਪਰਮਾਤਮਾ ਨਾਲੋਂ ਵਧੀਕ) ਪਿਆਰਾ ਲੱਗਣ ਲੱਗ ਪੈਂਦਾ ਹੈ, ਤਦੋਂ (ਭੀ) ਝੁਰਦੇ ਰਹੀਦਾ ਹੈ। ਪਰ ਜਦੋਂ (ਇਹ ਯਕੀਨ ਬਣਿਆ ਰਹੇ ਕਿ ਪਰਮਾਤਮਾ) ਹਰੇਕ ਥਾਂ ਵਿਆਪਕ ਹੈ, ਤਦੋਂ ਚਿੰਤਾ-ਝੋਰਾ ਮਿਟ ਜਾਂਦਾ ਹੈ।1।

ਹੇ ਭਾਈ! ਜੇ (ਇਹ ਖ਼ਿਆਲ ਟਿਕਿਆ ਰਹੇ ਕਿ ਪਰਮਾਤਮਾ ਤੋਂ ਬਿਨਾ) ਕੋਈ ਹੋਰ ਕੁਝ ਕਰ ਸਕਣ ਵਾਲਾ ਹੈ, ਤਦੋਂ ਚਿੰਤਾ-ਫ਼ਿਕਰ ਵਿਚ ਫਸੇ ਰਹੀਦਾ ਹੈ। ਤਦੋਂ ਭੀ ਝੁਰੀਦਾ ਹੈ ਜੇ ਇਹ ਖ਼ਿਆਲ ਬਣੇ ਕਿ ਕੋਈ ਪ੍ਰਾਣੀ ਪਰਮਾਤਮਾ ਦੇ ਹੁਕਮ ਤੋਂ ਬਾਹਰਾ ਮਰ ਸਕਦਾ ਹੈ। ਜੇ ਇਹ ਯਕੀਨ ਟਿਕ ਜਾਏ ਕਿ ਪਰਮਾਤਮਾ ਸਾਡੀਆਂ ਲੋੜਾਂ ਜਾਣਦਾ ਨਹੀਂ ਹੈ, ਤਾਂ ਭੀ ਝੁਰਦੇ ਰਹੀਦਾ ਹੈ। ਪਰ, ਹੇ ਪ੍ਰਭੂ! ਤੂੰ ਤਾਂ ਹਰ ਥਾਂ ਮੌਜੂਦ ਹੈਂ, ਫਿਰ ਅਸੀਂ ਚਿੰਤਾ-ਫ਼ਿਕਰ ਕਿਉਂ ਕਰੀਏ?।2।

ਹੇ ਭਾਈ! ਕੁਝ ਭੀ ਪਰਮਾਤਮਾ ਦੇ ਹੁਕਮ ਤੋਂ ਬਾਹਰਾ ਨਹੀਂ ਹੁੰਦਾ, ਕਿਸੇ ਨੂੰ ਭੀ ਉਹ ਭੁਲੇਖੇ ਨਾਲ ਦੁਖੀ ਨਹੀਂ

ਕਰਦਾ, ਫਿਰ ਚਿੰਤਾ-ਫ਼ਿਕਰ ਕਿਉਂ ਕੀਤਾ ਜਾਏ? ਹੇ ਭਾਈ! ਗੁਰੂ ਨੇ ਇਹ ਦੱਸਿਆ ਹੈ ਕਿ ਜੋ ਕੁਝ ਹੁੰਦਾ ਹੈ ਸਭ ਪ੍ਰਭੂ ਦੇ ਹੁਕਮ ਨਾਲ ਹੀ ਹੁੰਦਾ ਹੈ। ਇਸ ਵਾਸਤੇ ਅਸੀਂ ਤਾਂ ਚਿੰਤਾ-ਫ਼ਿਕਰ ਛੱਡ ਕੇ (ਉਸ ਦੀ ਰਜ਼ਾ ਵਿਚ) ਬੇ-ਫ਼ਿਕਰ ਟਿਕੇ ਹੋਏ ਹਾਂ।3।

ਹੇ ਪ੍ਰਭੂ! ਤੂੰ ਸਭ ਜੀਵਾਂ ਦਾ ਮਾਲਕ ਹੈਂ, ਹਰੇਕ ਜੀਵ ਤੇਰਾ (ਪੈਦਾ ਕੀਤਾ ਹੋਇਆ) ਹੈ। ਜਿਵੇਂ ਤੇਰੀ ਰਜ਼ਾ ਹੁੰਦੀ ਹੈ, ਤੂੰ (ਜੀਵਾਂ ਦੀ ਕਿਸਮਤ ਦਾ) ਫ਼ੈਸਲਾ ਕਰਦਾ ਹੈਂ। ਹੇ ਪ੍ਰਭੂ! ਤੈਥੋਂ ਬਿਨਾ (ਤੇਰੇ ਬਰਾਬਰ ਦਾ) ਹੋਰ ਕੋਈ ਨਹੀਂ ਹੈ, ਤੂੰ ਹੀ ਹਰ ਥਾਂ ਵਿਆਪਕ ਹੈਂ। ਹੇ ਨਾਨਕ! (ਪ੍ਰਭੂ ਦੇ ਦਰ ਤੇ ਹੀ ਅਰਦਾਸ ਕਰਿਆ ਕਰ ਕਿ, ਹੇ ਪ੍ਰਭੂ!) ਮੈਂ ਤੇਰੀ ਸਰਨ ਆਇਆ ਹਾਂ, ਮੇਰੀ ਲਾਜ ਰੱਖ।4।5। 18।